I/25909/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਸੀ.ਪਾਈਟ ਸੈਂਟਰ ਡੇਰਾ ਬਾਬਾ ਨਾਨਕ ਵਿਖੇ ਰੱਖਿਆ ਸੇਵਾਵਾਂ ਵਿੱਚ ਭਰਤੀ ਹੋਣ ਦੇ ਚਾਹਵਾਨ ਉਮੀਦਵਾਰਾਂ ਨੂੰ ਲਿਖਤੀ ਟੈਸਟ ਦੀ ਆਨ ਲਾਈਨ ਤਿਆਰੀ ਲਈ ਕਲਾਸਾਂ ਸ਼ੁਰੂ

ਵਧੇਰੇ ਜਾਣਕਾਰੀ ਲਈ ਸੀ.ਪਾਈਟ ਸੈਂਟਰ ਡੇਰਾ ਬਾਬਾ ਨਾਨਕ ਦੇ ਇੰਚਾਰਜ ਨਵਜੋਧ ਸਿੰਘ ਨਾਲ ਮੋਬਾਇਲ ਨੰਬਰ 97818-91928 ਤੇ ਸੰਪਰਕ ਕੀਤਾ ਜਾ ਸਕਦਾ ਹੈ

ਗੁਰਦਾਸਪੁਰ, 19 ਮਈ ( ) ਪੰਜਾਬ ਸਰਕਾਰ ਦੇ 'ਮਿਸ਼ਨ ਘਰ ਘਰ ਰੋਜਗਾਰ' ਤਹਿਤ ਹਰ ਜ਼ਿਲੇ ਵਿੱਚ ਰੋਜਗਾਰ ਅਤੇ ਕਾਰੋਬਾਰ ਬਿਊਰੋ ਸਥਾਪਤ ਕੀਤੇ ਗਏ ਹਨ। ਜਿਲਾ ਗੁਰਦਾਸਪੁਰ ਵਿੱਚ ਸਥਾਪਤ ਜਿਲਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਲਾਕ ਡਾਊਨ ਦੇ ਚਲਦਿਆ ਘਰ ਬੈਠੇ ਵਿਦਿਆਰਥੀਆ ਅਤੇ ਨੌਕਰੀ ਦੇ ਚਾਹਵਾਨ ਨੌਜਵਾਨਾ ਲੋੜੀਂਦੀ ਜਾਣਕਾਰੀ ਆਨ ਲਾਈਨ ਮੁਹੱਈਆ ਕਰਵਾਉਣ ਵਿੱਚ ਸਹਾਈ ਸਿੱਧ ਹੋ ਰਹੇ ਹਨ ।

ਇਹ ਜਾਣਕਾਰੀ ਦਿੰਦਿਆ ਪਰਸ਼ੋਤਮ ਸਿੰਘ ਜਿਲਾ ਰੋਜਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਸੀ.ਪਾਈਟ ਸੈਂਟਰ ਡੇਰਾ ਬਾਬਾ ਨਾਨਕ ਵਿਖੇ 15 ਮਈ ਤੋਂ ਰੱਖਿਆ ਸੇਵਾਵਾਂ ਵਿੱਚ ਭਰਤੀ ਹੋਣ ਦੇ ਚਾਹਵਾਨ ਉਮੀਦਵਾਰਾਂ ਨੂੰ ਲਿਖਤੀ ਟੈਸਟ ਦੀ ਆਨ ਲਾਈਨ ਤਿਆਰੀ ਲਈ ਕਲਾਸਾਂ ਲਗਾਈਆ ਜਾ ਰਹੀਆ ਹਨ। ਚਾਹਵਾਨ ਪ੍ਰਾਰਥੀ ਸੀ.ਪਾਈਟ ਸੈਂਟਰ ਡੇਰਾ ਬਾਬਾ ਨਾਨਕ ਦੇ ਇੰਚਾਰਜ ਨਵਜੋਧ ਸਿੰਘ ਨਾਲ ਉਹਨਾਂ ਦੇ ਮੋਬਾਇਲ ਨੰ: 97818-91928 ਤੇ ਸੰਪਰਕ ਕਰਕੇ ਆਪਣਾ ਨਾਮ ਰਜਿਸਟਰ ਕਰਵਾ ਸਕਦੇ ਹਨ ।

ਉਨਾਂ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਵਲੋਂ ਲਾਕ ਡਾਊਨ ਦੌਰਾਨ ਪ੍ਰਾਰਥੀਆ ਨੂੰ ਆਨ ਲਾਈਨ ਮੁਫਤ ਸਾਫਟ ਸਕਿੱਲ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ । ਇਹ ਟ੍ਰੇਨਿੰਗ MBD Alchemie group ਵਲੋਂ ਦਿੱਤੀ ਜਾ ਰਹੀ ਹੈ ਜਿਸ ਵਿੱਚ ਪ੍ਰਾਰਥੀ ਘਰ ਬੈਠਿਆ ਹੀ ਇੰਟਰਵਿਊ ਦੀ ਤਿਆਰੀ ਕਰ ਰਹੇ ਹਨ । ਇਸ ਤੋਂ ਇਲਾਵਾ ਉਹਨਾਂ ਦੱਸਿਆ ਕਿ ਮੁਕਾਬਲੇ ਦੀਆ ਪ੍ਰੀਖਿਆ ਸਬੰਧੀ Webinar ਲਗਾ ਕੇ ਪ੍ਰਾਰਥੀਆ ਦੀ ਆਨ ਲਾਈਨ ਕਾਉਂਸਲਿੰਗ ਕੀਤੀ ਜਾ ਰਹੀ ਹੈ । ਇਸ ਦੇ ਨਾਲ ਹੀ ਰੋਜਗਾਰ ਦਫਤਰ ਵਿਖੇ ਦਰਜ ਪ੍ਰਾਰਥੀਆ ਨਾਲ ਟੈਲੀਫੋਨ ਰਾਹੀਂ ਸੰਪਰਕ ਕਰਕੇ ਉਹਨਾਂ ਦੀ ਰੁਚੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਜਾ ਰਹੀ ਹੈ ਤਾਂ ਜੋ ਲਾਨ ਡਾਊਨ ਖਤਮ ਹੋਣ ਤੋਂ ਬਾਅਦ ਇਹਨਾਂ ਪ੍ਰਾਰਥੀਆ ਨੂੰ ਉਹਨਾਂ ਦੀ ਰੁਚੀ ਅਨੁਸਾਰ ਰੋਜਗਾਰ ਅਤੇ ਸਵੈਰੋਜਗਾਰ ਦੇ ਮੌਕੇ ਪ੍ਰਦਾਨ ਕਰਨ ਵਿੱਚ ਮਦਦ ਕੀਤੀ ਜਾ ਸਕੇ ।

ਉਨਾਂ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਰੋਜਗਾਰ ਵਿਭਾਗ ਵਲੋਂ ਬੇਰੁਜਗਾਰ ਪ੍ਰਾਰਥੀ ਜੋ ਕਿ ਨੌਕਰੀ ਜਾਂ ਸਵੈ ਰੋਜਗਾਰ ਕਰਨ ਦੇ ਇਛੁੱਕ ਹਨ ਉਹ ਆਪਣਾ ਨਾਮ ਆਪਣੇ ਮੋਬਾਇਲ ਤੋਂ ਹੀ ਵਿਭਾਗ ਦੀ ਵੈਬਸਾਈਟ http://pgrkam.com/ ਤੇ ਜਾ ਕੇ ਰਜਿਸਟਰ ਕਰਵਾ ਸਕਦੇ ਹਨ ਅਤੇ ਨਾਲ ਹੀ ਜੋ ਨਿਯੋਜਕ/ਕੰਪਨੀਆ ਜਾ ਸਨਤਕਾਰਾ ਨੂੰ ਕਾਮਿਆ ਦੀ ਲੋੜ ਹੋਵੇ ਤਾਂ ਉਹ ਵੀ ਆਪਣੇ ਆਪ ਨੂੰ ਇਸ ਵੈਬਸਾਈਟ ਤੇ ਰਜਿਟਰਡ ਕਰਵਾ ਕੇ ਯੋਗਤਾ ਅਨੁਸਾਰ ਲੋੜੀਂਦੇ ਪ੍ਰਾਰਥੀਆ ਦੀ ਚੋਣ ਕਰ ਸਕਦੇ ਹਨ । ਇਸ ਲਈ ਵੱਧ ਤੋਂ ਵੱਧ ਨੌਕਰੀ ਦੇ ਚਾਹਵਾਨਾ ਪ੍ਰਾਰਥੀਆ ਅਤੇ

ਕੰਪਨੀਆ ਇਸ ਵੈਬਸਾਈਟ ਤੇ ਵੱਧ ਤੋ ਵੱਧ ਆਪਣੇ ਆਪ ਨੂੰ ਰਜਿਟਰਡ ਕਰਵਾਉਣ।

-------------------

I/25909/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਸੀ.ਪਾਈਟ ਸੈਂਟਰ ਡੇਰਾ ਬਾਬਾ ਨਾਨਕ ਵਿਖੇ ਰੱਖਿਆ ਸੇਵਾਵਾਂ ਵਿੱਚ ਭਰਤੀ ਹੋਣ ਦੇ ਚਾਹਵਾਨ ਉਮੀਦਵਾਰਾਂ ਨੂੰ ਲਿਖਤੀ ਟੈਸਟ ਦੀ ਆਨ ਲਾਈਨ ਤਿਆਰੀ ਲਈ ਕਲਾਸਾਂ ਸ਼ੁਰੂ

ਵਧੇਰੇ ਜਾਣਕਾਰੀ ਲਈ ਸੀ.ਪਾਈਟ ਸੈਂਟਰ ਡੇਰਾ ਬਾਬਾ ਨਾਨਕ ਦੇ ਇੰਚਾਰਜ ਨਵਜੋਧ ਸਿੰਘ ਨਾਲ ਮੋਬਾਇਲ ਨੰਬਰ 97818-91928 ਤੇ ਸੰਪਰਕ ਕੀਤਾ ਜਾ ਸਕਦਾ ਹੈ

ਗੁਰਦਾਸਪੁਰ, 19 ਮਈ (        ) ਪੰਜਾਬ ਸਰਕਾਰ ਦੇ 'ਮਿਸ਼ਨ ਘਰ ਘਰ ਰੋਜਗਾਰ' ਤਹਿਤ ਹਰ ਜ਼ਿਲੇ ਵਿੱਚ ਰੋਜਗਾਰ ਅਤੇ ਕਾਰੋਬਾਰ ਬਿਊਰੋ ਸਥਾਪਤ ਕੀਤੇ ਗਏ ਹਨ। ਜਿਲਾ ਗੁਰਦਾਸਪੁਰ ਵਿੱਚ ਸਥਾਪਤ ਜਿਲਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਲਾਕ ਡਾਊਨ ਦੇ ਚਲਦਿਆ ਘਰ ਬੈਠੇ ਵਿਦਿਆਰਥੀਆ ਅਤੇ ਨੌਕਰੀ ਦੇ ਚਾਹਵਾਨ ਨੌਜਵਾਨਾ ਲੋੜੀਂਦੀ ਜਾਣਕਾਰੀ ਆਨ ਲਾਈਨ ਮੁਹੱਈਆ ਕਰਵਾਉਣ ਵਿੱਚ ਸਹਾਈ ਸਿੱਧ ਹੋ ਰਹੇ ਹਨ ।

ਇਹ ਜਾਣਕਾਰੀ ਦਿੰਦਿਆ ਪਰਸ਼ੋਤਮ ਸਿੰਘ ਜਿਲਾ ਰੋਜਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਸੀ.ਪਾਈਟ ਸੈਂਟਰ ਡੇਰਾ ਬਾਬਾ ਨਾਨਕ ਵਿਖੇ 15 ਮਈ ਤੋਂ ਰੱਖਿਆ ਸੇਵਾਵਾਂ ਵਿੱਚ ਭਰਤੀ ਹੋਣ ਦੇ ਚਾਹਵਾਨ ਉਮੀਦਵਾਰਾਂ ਨੂੰ ਲਿਖਤੀ ਟੈਸਟ ਦੀ ਆਨ ਲਾਈਨ ਤਿਆਰੀ ਲਈ ਕਲਾਸਾਂ ਲਗਾਈਆ ਜਾ ਰਹੀਆ ਹਨ। ਚਾਹਵਾਨ ਪ੍ਰਾਰਥੀ ਸੀ.ਪਾਈਟ ਸੈਂਟਰ ਡੇਰਾ ਬਾਬਾ ਨਾਨਕ ਦੇ ਇੰਚਾਰਜ ਨਵਜੋਧ ਸਿੰਘ ਨਾਲ ਉਹਨਾਂ ਦੇ ਮੋਬਾਇਲ ਨੰ: 97818-91928 ਤੇ ਸੰਪਰਕ ਕਰਕੇ ਆਪਣਾ ਨਾਮ ਰਜਿਸਟਰ ਕਰਵਾ ਸਕਦੇ ਹਨ ।

ਉਨਾਂ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਵਲੋਂ ਲਾਕ ਡਾਊਨ ਦੌਰਾਨ ਪ੍ਰਾਰਥੀਆ ਨੂੰ ਆਨ ਲਾਈਨ ਮੁਫਤ ਸਾਫਟ ਸਕਿੱਲ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ । ਇਹ ਟ੍ਰੇਨਿੰਗ MBD Alchemie group ਵਲੋਂ ਦਿੱਤੀ ਜਾ ਰਹੀ ਹੈ ਜਿਸ ਵਿੱਚ ਪ੍ਰਾਰਥੀ ਘਰ ਬੈਠਿਆ ਹੀ ਇੰਟਰਵਿਊ ਦੀ ਤਿਆਰੀ ਕਰ ਰਹੇ ਹਨ । ਇਸ ਤੋਂ ਇਲਾਵਾ ਉਹਨਾਂ ਦੱਸਿਆ ਕਿ ਮੁਕਾਬਲੇ ਦੀਆ ਪ੍ਰੀਖਿਆ ਸਬੰਧੀ Webinar ਲਗਾ ਕੇ ਪ੍ਰਾਰਥੀਆ ਦੀ ਆਨ ਲਾਈਨ ਕਾਉਂਸਲਿੰਗ ਕੀਤੀ ਜਾ ਰਹੀ ਹੈ । ਇਸ ਦੇ ਨਾਲ ਹੀ ਰੋਜਗਾਰ ਦਫਤਰ ਵਿਖੇ ਦਰਜ ਪ੍ਰਾਰਥੀਆ ਨਾਲ ਟੈਲੀਫੋਨ ਰਾਹੀਂ ਸੰਪਰਕ ਕਰਕੇ ਉਹਨਾਂ ਦੀ ਰੁਚੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਜਾ ਰਹੀ ਹੈ ਤਾਂ ਜੋ ਲਾਨ ਡਾਉਨ ਖਤਮ ਹੋਣ ਤੋਂ ਬਾਅਦ ਇਹਨਾਂ ਪ੍ਰਾਰਥੀਆ ਨੂੰ ਉਹਨਾਂ ਦੀ ਰੁਚੀ ਅਨੁਸਾਰ ਰੋਜਗਾਰ ਅਤੇ ਸਵੈਰੋਜਗਾਰ ਦੇ ਮੌਕੇ ਪ੍ਰਦਾਨ ਕਰਨ ਵਿੱਚ ਮਦਦ ਕੀਤੀ ਜਾ ਸਕੇ ।

ਉਨਾਂ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਰੋਜਗਾਰ ਵਿਭਾਗ ਵਲੋਂ ਬੇਰੁਜਗਾਰ ਪ੍ਰਾਰਥੀ ਜੋ ਕਿ ਨੌਕਰੀ ਜਾਂ ਸਵੈ ਰੋਜਗਾਰ ਕਰਨ ਦੇ ਇਛੁੱਕ ਹਨ ਉਹ ਆਪਣਾ ਨਾਮ ਆਪਣੇ ਮੋਬਾਇਲ ਤੋਂ ਹੀ ਵਿਭਾਗ ਦੀ ਵੈਬਸਾਈਟ http://pgrkam.com/ ਤੇ ਜਾ ਕੇ ਰਜਿਸਟਰ ਕਰਵਾ ਸਕਦੇ ਹਨ ਅਤੇ ਨਾਲ ਹੀ ਜੋ ਨਿਯੋਜਕ/ਕੰਪਨੀਆ ਜਾ ਸਨਤਕਾਰਾ ਨੂੰ ਕਾਮਿਆ ਦੀ ਲੋੜ ਹੋਵੇ ਤਾਂ ਉਹ ਵੀ ਆਪਣੇ ਆਪ ਨੂੰ ਇਸ ਵੈਬਸਾਈਟ ਤੇ ਰਜਿਟਰਡ ਕਰਵਾ ਕੇ ਯੋਗਤਾ ਅਨੁਸਾਰ ਲੋੜੀਂਦੇ ਪ੍ਰਾਰਥੀਆ ਦੀ ਚੋਣ ਕਰ ਸਕਦੇ ਹਨ । ਇਸ ਲਈ ਵੱਧ ਤੋਂ ਵੱਧ ਨੌਕਰੀ ਦੇ ਚਾਹਵਾਨਾ ਪ੍ਰਾਰਥੀਆ ਅਤੇ ਕੰਪਨੀਆ ਇਸ ਵੈਬਸਾਈਟ

ਤੇ ਵੱਧ ਤੋ ਵੱਧ ਆਪਣੇ ਆਪ ਨੂੰ ਰਜਿਟਰਡ ਕਰਵਾਉਣ।

-------------------

I/26006/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਸਟੇਟ ਬੈਂਕ ਆਫ ਇੰਡੀਆ, ਗੁਰਦਾਸਪੁਰ ਵੱਲੋਂ ਸਿਹਤ ਵਿਭਾਗ ਨੂੰ ਸ਼ੈਨੀਟਾਈਜ਼ਰ ਅਤੇ ਗਲੱਵਜ਼ ਭੇਂਟ

ਗੁਰਦਾਸਪੁਰ, 19 ਮਈ ( ) ਸਿਵਲ ਸਰਜਨ ਡਾ.ਕਿਸ਼ਨ ਚੰਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਵਿਡ-19 ਮਹਾਂਮਾਰੀ ਬਿਮਾਰੀ ਨੂੰ ਫੈਲਣ ਤੋਂ ਰੋਕਣ ਵਾਸਤੇ ਸਟੇਟ ਬੈਂਕ ਆਫ ਇੰਡੀਆ, ਗੁਰਦਾਸਪੁਰ ਦੀ ਸਮੁੱਚੀ ਟੀਮ ਨੇ 10 ਕੈਨ ਸੈਨੀਟਾਈਜ਼ਰ ਅਤੇ 27 ਡੱਬੇ ਗਲੱਵਜ਼ ਸਿਹਤ ਵਿਭਾਗ ਨੂੰ ਭੇਂਟ ਕੀਤੇ।

ਸਿਵਲ ਸਰਜਨ ਨੇ ਦੱਸਿਆ ਕਿ ਇਸ ਮਹਾਂਮਾਰੀ ਬਿਮਾਰੀ ਤੋਂ ਬਚਣ ਵਾਸਤੇ ਮੂੰਹ ਤੇ ਮਾਸਕ ਪਾਉਣਾ ਚਾਹੀਦਾ ਹੈ।ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਣਾ ਚਾਹੀਦਾ ਹੈ।ਪਬਲਿਕ ਥਾਵਾਂ ਤੇ ਘੱਟੋਂ ਘੱਟ ਇੱਕ ਮੀਟਰ ਦੀ ਦੂਰੀ ਬਣਾਕੇ ਰੱਖਣੀ ਚਾਹੀਦੀ ਹੈ। ਸਾਫ ਸੁਥਰਾ ਪੋਸ਼ਟਿਕ ਭੋਜਣ ਖਾਣਾ ਚਾਹੀਦਾ ਹੈ।ਨਿਯਮਿਤ ਰੂਪ ਵਿੱਚ ਕਸਰਤ ਕਰਨੀ ਚਾਹੀਦੀ ਹੈ। ਖੰਘਣ ਜਾਂ ਛਿੱਕਣ ਸਮੇ ਮੂੰਹ ਤੇ ਰੁਮਾਲ ਰੱਖਣਾ ਚਾਹੀਦਾ ਹੈ ਤਾਂ ਜੋ ਇੰਨਫੈਕਸ਼ਨ ਨਾ ਫੈਲ ਸਕੇ।

ਡਾ.ਕਿਸ਼ਨ ਚੰਦ ਜੀ ਨੇ ਸਟੇਟ ਬੈਂਕ ਆਫ ਇੰਡੀਆ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ।ਇਸ ਮੋਕੇ ਤੇ ਹਰਸਿਮਰਤ ਸਿੰਘ ਵੜੈਚ , ਡਾ.ਜਸਮੀਨ ਨੰਦਾ,ਸ੍ਰੀ ਵਿਨੈ ਮਹਾਜ਼ਨ,ਰੀਜਨਲ ਮੈਨੇਜ਼ਰ,ਭਾਰਤ ਭੂਸਣ ਸੰਜੇ ਮੋਹਨ ਕਮਲ ਢੀਗਰਾ ਅਤੇ ਡਿਪਟੀ ਮਾਸ ਮੀਡੀਆ ਅਫਸਰ ਸ੍ਰੀ ਅਮਰਜੀਤ ਸਿੰਘ ਦਾਲਮ ਆਦਿ ਹਾਜ਼ਰ ਸਨ।

I/26022/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਜ਼ਿਲਾ ਗੁਰਦਾਸਪੁਰ ਦੀਆਂ ਆਗਨਵਾੜੀ ਵਰਕਰਾਂ ਤੇ ਹੈਲਪਰਾਂ ਦੀ ਕੋਵਿਡ-19 ਦੀ ਕੀਤੀ ਗਈ ਸਕਰੀਨਿੰਗ

ਗੁਰਦਾਸਪੁਰ, 19 ਮਈ ( ) ਸ੍ਰੀਮਤੀ ਸਾਧਨਾ ਸੋਹਲ ਜ਼ਿਲਾ ਪ੍ਰੋਗਰਾਮ ਅਫਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਾਇਰੈਕਟਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ• ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਦੀ ਪ੍ਰਧਾਨਗੀ ਹੇਠ ਜਿਲੇ ਵਿੱਚ ਕੰਮ ਕਰ ਰਹੀਆਂ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦਾ ਕੋਵਿਡ-19 ਸਕਰੀਨਿੰਗ ਟੈਸਟ ਕਰਵਾਇਆ ਗਿਆ। ਜਿਸ ਸਬੰਧੀ ਇਕ ਅਹਿਮ ਮੀਟਿੰਗ ਜਿਲ•ਾ ਪ੍ਰੋਗਰਾਮ ਅਫਸਰ, ਸਿਵਲ ਸਰਜਨ ਅਤੇ ਸਮੂਹ ਬਾਲ ਵਿਕਾਸ ਪ੍ਰੋਜੈਕਟ ਅਫਸਰਾਂ ਦੀ ਕੀਤੀ ਗਈ ਸੀ।

ਉਨਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਵੱਲੋਂ ਆਦੇਸ਼ ਦਿੱਤੇ ਗਏ ਕਿ ਆਗਨਵਾੜੀ ਵਰਕਰਾਂ ਤੇ ਹੈਲਪਰਾਂ ਕੋਵਿਡ-19 ਦੇ ਚਲਦੇ ਲਾਭਪਾਤਰੀਆਂ ਦੇ ਘਰਾਂ ਵਿੱਚ ਸਪਲੀਮੈਂਟਰੀ ਨਿਊਟਰੀਸ਼ਨ ਮੁਹੱਈਆ ਕਰਵਾ ਰਹੀਆਂ ਹਨ ਇਸ ਲਈ ਇਹਨਾਂ ਦਾ ਕੋਵਿਡ-19 ਸਕਰੀਨਿੰਗ ਟੈਸਟ ਕਰਵਾਉਣ ਲਈ ਬਲਾਕਾਂ ਨਾਲ ਸਬੰਧਿਤ ਸੀਨੀਅਰ ਮੈਡੀਕਲ ਅਫਸਰ ਅਤੇ ਬਾਲ ਵਿਕਾਸ ਪ੍ਰੋੈਕਟ ਅਫਸਰ ਆਪਸੀ ਤਾਲਮੇਲ ਕਰਕੇ ਆਗਨਵਾਂੜੀ ਵਰਕਰਾਂ ਤੇ ਹੈਲਪਰਾਂ ਦਾ ਮੈਡੀਕਲ ਟੈਸਟ ਕਰਵਾਉਣ ਗਏ ਅਤੇ ਰੋਜਾਨਾ ਰਿਪੋਰਟ ਅਪਲੋਡ ਕਰਨ ਗਏ।

ਉਨਾਂ ਦੱਸਿਆ ਕਿ ਜਿਲ•ੇ ਅੰਦਰ ਕੰਮ ਕਰ ਰਹੀਆਂ 1969 ਵਰਕਰਾਂ ਅਤੇ 1739 ਹੈਲਪਰਾਂ ਦਾ ਕੋਵਿਡ-19 ਸਕਰੀਨਿੰਗ ਟੈਸਟ ਕਰਵਾਇਆ ਗਿਆ।ਸਕਰੀਨਿੰਗ ਦੌਰਾਨ ਕੋਈ ਵੀ ਆਗਨਵਾੜੀ ਵਰਕਰ ਤੇ ਹੈਲਪਰ ਵਿੱਚ ਕੋਵਿਡ-1919 ਦੇ ਲੱਛਣ ਨਹੀ ਪਾਏ ਗਏ।ਸਮੂਹ ਆਂਗਨਵਾੜੀ ਵਰਕਰਾਂ/ਹੈਲਪਰਾਂ ਨੂੰ ਕੋਵਿਡ-19 ਦੇ ਲੱਛਣਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਇਹਤਿਆਤ ਵਰਤਣ ਦੀ ਸਲਾਹ ਦਿੱਤੀ ਗਈ (ਜਿਵੇ ਕਿ ਲਾਭਪਾਤਰੀਆਂ ਨੂੰ ਸਪਲੀਮੈਂਟਰੀ ਨਿਊਟਰੀਸ਼ਨ ਮੁਹੱਈਆਂ ਕਰਵਾਉਣ ਸਮੇ ਸਮਾਜਿਕ ਦੂਰੀ ਬਣਾ ਕੇ ਰੱਖਣ, ਮਾਸਕ ਦੀ ਵਰਤੋ ਕਰਨੀ, ਅਤੇ ਸਮੇ-ਸਮੇ ਤੇ ਹੱਥਾਂ ਨੂੰ ਚੰਗੀ ਤਰਾਂ ਸਾਬਣ ਨਾਲ ਧੋਵੋ।

I/26065/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਗੁਰਦਾਸਪੁਰ

ਜ਼ਿਲਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਬੇਰੁਜ਼ਗਾਰ ਨੌਜਵਾਨਾਂ ਨੂੰ ਘਰ ਬੈਠੇ ਆਨਲਾਈਨ ਰਜ਼ਿਸ਼ਟਰੇਸਨ ਕਰਨ ਦੇ ਕੀਤੇ ਉਪਰਾਲੇ

ਗੁਰਦਾਸਪੁਰ, 19 ਮਈ ( ) ਕੋਵਿਡ-19 ਮਹਾਂਮਾਰੀ ਨੂੰ ਰੋਕਣ ਲਈ ਸਰਕਾਰ ਵਲੋਂ ਲਗਾਏ ਗਏ ਲਾਕਡਾਊਨ ਦੌਰਾਨ ਸਕੂਲ/ਕਾਲਜ ਬੰਦ ਹੋਣ ਦੇ ਕਾਰਨ ਵਿਦਿਆਰਥੀਆਂ ਦੇ ਮਨੋਬਲ ਨੂੰ ਉੱਚਾ ਚੁੱਕਣ ਲਈ ਸਰਕਾਰ ਲਈ ਸਰਕਾਰ ਦੇ ਆਦੇਸ਼ਾਂ ਅਤੇ ਜ਼ਿਲ•ਾ ਪ੍ਰਸ਼ਾਸ਼ਨ ਦੀ ਯੋਗ ਅਗਵਾਈ ਹੇਠ ਜ਼ਿਲਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵਲੋਂ ਬੇਜੁਜਗਾਰ ਨੋਜਵਾਨਾ ਨੂੰ ਘਰ ਬੈਠੇ ਹੀ ਆਨ-ਲਾਈਨ ਰਜਿਸਟ੍ਰੇਸਨਕਰਨ ਦੇ ਉਪਰਾਲੇ ਕੀਤੇ ਗਏ ਹਨ।

ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਜ਼ਿਲਾ ਰੋਜਗਾਰ ਅਤੇ ਕਾਰੋਬਾਰ ਅਫ਼ਸਰ ਸ੍ਰੀ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਬੇਰੁਜਗਾਰ ਨੋਜਵਾਨ ਘਰ ਬੈਠੇ ਹੀ ਰੋਜਗਾਰ ਪੋਰਟਲ www.pgrkam.com ਤੋਂ ਰਜਿਸਟਰਡ ਕਰ ਸਕਦੇ ਹਨਅਤੇ ਇਸ ਪੋਰਟਲ ਦੇ ਮਾਧਿਅਮ ਰਾਹੀਂ ਉਹ ਨੋਕਰੀ ਅਤੇ ਹੋਰ ਕੋਰਸਾਂ ਸਬੰਧੀ ਹਰ ਤਰਾਂ ਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ ਲਾਕ ਡਾਊਨਦੀ ਸਮੱਸਿਆ ਦੇ ਚੱਲਦਿਆ ਬੇਰੁਜਗਾਰ ਨੋਜਵਾਨਾਂ ਨੂੰ ਉਹਨਾਂ ਦੇ ਭਵਿੱਖ ਨਾਲ ਸਬੰਧਤ ਉਚੇਰੀ ਸਿੱਖਿਆ ਦੀ ਜਾਣਕਾਰੀ, ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਅਤੇ ਸਵੈ-ਰੋਜਗਾਰ ਸ਼ੁਰੂ ਕਰਨ ਸਬੰਧੀ ਸਕੀਮਾਂ ਬਾਰੇ ਵਿੱਚ ਜਾਣਕਾਰੀ ਲੈਣ ਦੇ ਲਈ ਆਨਲਾਈਨ Webinar ਦੀਰੂਪਰੇਖਾਤਿਆਰਕੀਤੀ ਗਈ ਹੈ। ਇਹ ਜਾਣਕਾਰੀਮੋਬਾਇਲਵੀਡਿਊ ਕਾਨਫਰੰਸ ਦੇ ਰਾਹੀਸਵੇਰੇ 9:00 ਵਜੇ ਤੋਂ ਸ਼ਾਮ 5 ਵਜੇ ਤੱਕ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ ਵੱਖ ਵੱਖ ਵਿਸ਼ਾਮਾਹਿਰਾਂ ਨਾਲ ਸਪੰਰਕ ਕਰਕੇ ਆਨਲਾਈਨ ਦੇ ਜਰੀਏ ਗਰੁੱਪ ਕਾਉਂਸਲਿੰਗ ਕਰਵਾਉਣ ਦੇ ਯਤਨ ਵੀ ਕੀਤੇ ਜਾਣਗੇ। ਜ਼ਿਲ•ਾ ਰੋਜਗਾਰ ਅਤੇ ਕਾਰੋਬਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਪ੍ਰਾਈਵੇਟ/ਸਰਕਾਰੀ ਨੋਕਰੀ ਅਤੇ ਪਲੇਸਮੈਂਟ ਸਬੰਧੀ ਵਧੇਰੇ ਜਾਣਕਾਰੀ ਲੈਣ ਲਈ ਪਲੇਸਮੈਂਟ ਅਫਸਰ ਡਾ. ਵਰੁਣ ਜੋਸ਼ੀ ਦੇ ਮੋਬਾਇਲਨੰਬਰ 85568-30060 ਸਕਿੱਲ ਟ੍ਰੇਨਿੰਗ ਦੇ ਚਾਹਵਾਨ ਪ੍ਰਾਰਥੀ ਸ੍ਰੀ ਸਵਰਾਜ ਸਿੰਘ ਪੰਜਾਬ ਸਕਿੱਲ ਡਵੈਲਪਮੈਂਟ ਮਿਸ਼ਨ ਗੁਰਦਾਸਪੁਰ ਦੇ ਮੋਬਾਇਲ ਨੰਬਰ 98883 -94664 ਤੇ ਸੰਪਰਕ ਕਰ ਸਕਦੇ ਹਨ। ਨੋਜਵਾਨ ਦੇ ਵੈਟਸਐਪ ਗਰੁੱਪ ਵੀ ਤਿਆਰ ਕੀਤੇ ਜਾਣਗੇ ਉਹਨਾਂ ਤੇ ਕੈਰੀਅਰ ਸਬੰਧੀ ਸਮੇਂ ਸਮੇਂ ਤੇ ਲਾਹੇਵੰਦ ਜਾਣਕਾਰੀ ਮੁਹੱਈਆ ਕਰਵਾਈਜਾਵੇਗੀ। ਲਾਕਡਾਊਨ ਦੌਰਾਨ ਪ੍ਰਾਰਥੀਆ ਨੂੰ ਆਨਲਾਈਨ ਮੁਫ਼ਤ ਸਾਫਟ ਸਕਿੱਲ ਦੀਟ੍ਰੇਨਿੰਗ ਦਿੱਤੀ ਜਾ ਰਹੀਂ ਹੈ। ਇਹ ਟ੍ਰੇਨਿੰਗ MBD Alchemie group ਵਲੋਂ ਦਿੱਤੀ ਜਾ ਰਹੀ ਹੈ ਜਿਸ ਵਿੱਚ ਪ੍ਰਾਰਥੀ ਘਰ ਬੈਠਿਆ ਹੀ ਇੰਟਰਵਿਊ ਦੀ ਤਿਆਰੀ ਕਰ ਰਹੇ ਹਨ।

I/26079/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਪੰਜਾਬ ਸਰਕਾਰ ਨੇ ਪਰਵਾਸੀ ਮਜ਼ਦੂਰਾਂ ਦੀ ਫੜੀ ਬਾਂਹ-ਵਿਧਾਇਕ ਪਾਹੜਾ

ਗੁਰਦਾਸਪੁਰ ਰੇਲਵੇ ਸਟੇਸ਼ਨ ਤੋਂ ਵਿਸ਼ੇਸ ਰੇਲ ਗੱਡੀ ਰਾਹੀਂ 1195 ਪਰਵਾਸੀ ਮਜ਼ਦੂਰਾਂ ਨੂੰ ਉੱਤਰ ਪ੍ਰਦੇਸ਼ ਸੂਬੇ ਲਈ ਕੀਤਾ ਰਵਾਨਾ

ਆਪਣੇ ਘਰ ਜਾ ਰਹੇ ਯਾਤਰੀਆਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਗੁਰਦਾਸਪੁਰ, 19 ਮਈ ( ) ਕੋਰੋਨਾ ਵਾਇਰਸ ਕਰਕੇ ਲਾਗੂ ਦੇਸ਼ ਵਿਆਪੀ ਲਾਕ ਡਾਊਨ ਕਰਕੇ ਆਪਣੇ ਘਰਾਂ ਨੂੰ ਵਾਪਸ ਜਾਣ ਦੇ ਚਾਹਵਾਨ ਹੋਰਨਾਂ ਰਾਜਾਂ ਦੇ ਵਸਨੀਕਾਂ ਨੂੰ ਆਪਣੇ ਘਰ ਭੇਜਣ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਵਿਸ਼ੇਸ਼ ਪਹਿਲਕਦਮੀ ਤਹਿਤ ਕੀਤੇ ਪ੍ਰਬੰਧਾਂ ਦੇ ਚਲਦਿਆਂ ਅੱਜ ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਸਪੁਰ, ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਗੁਰਦਾਸਪੁਰ, ਸਵਰਨਦੀਪ ਸਿੰਘ ਐਸ.ਐਸ.ਪੀ ਗੁਰਦਾਸਪੁਰ ਅਤੇ ਤੇਜਿੰਦਰਪਾਲ ਸਿੰਘ ਸੰਧੂ ਵਧੀਕ ਡਿਪਟੀ ਕਮਿਸ਼ਨਰ ਵਲੋਂ ਰੇਲਵੇ ਸਟੇਸ਼ਨ ਗੁਰਦਾਸਪੁਰ ਤੋਂ ਵਿਸ਼ੇਸ ਰੇਲ ਗੱਡੀ ਰਾਹੀਂ 1195 ਪਰਵਾਸੀ ਮਜਦੂਰਾਂ ਨੂੰ ਉੱਤਰ ਪ੍ਰਦੇਸ਼ ਸੂਬੇ ਲਈ ਰਵਾਨਾ ਕੀਤਾ ਗਿਆ।

ਇਸ ਮੌਕੇ ਵਿਧਾਇਕ ਪਾਹੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਪਰਵਾਸੀ ਮਜ਼ਦੂਰਾਂ ਦੀ ਬਾਂਹ ਫੜ•ੀ ਹੈ, ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਵਲੋਂ ਪਰਵਾਸੀ ਮਜਦੂਰਾਂ ਨੂੰ ਉਨਾਂ ਦੇ ਜੱਦੀ ਰਾਜਾਂ ਅੰਦਰ ਭੇਜਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਉਨਾਂ ਦੇ ਜਾਣ ਦਾ ਸਾਰਾ ਖਰਚਾ ਪੰਜਾਬ ਸਰਕਾਰ ਵਲੋਂ ਕੀਤਾ ਗਿਆ ਹੈ। ਉਨਾਂ ਕਿਹਾ ਕਿ ਜਿਲਾ ਗੁਰਦਾਸਪੁਰ ਅੰਦਰ ਵੀ ਲਗਾਤਾਰ ਪਰਵਾਸੀ ਮਜਦੂਰਾਂ ਨੂੰ ਉਨਾਂ ਦੇ ਸੂਬਿਆਂ ਅੰਦਰ ਭੇਜੇ ਜਾਣ ਦੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ ਅਤੇ ਇਥੇ ਪਰਵਾਸੀ ਮਜਦੂਰਾਂ ਦੇ ਰਹਿਣ ਅਤੇ ਖਾਣਪੀਣ ਦੇ ਸਾਰੇ ਪ੍ਰਬੰਧ ਕੀਤੇ ਗਏ ਸਨ ਤੇ ਉਨਾਂ ਦੀ ਹਰ ਲੋੜੀਦੀ ਜਰੂਰਤ ਪੂਰੀ ਕੀਤੀ ਜਾ ਰਹੀ ਸੀ। ਉਨਾਂ ਕਿਹਾ ਕਿ ਜਿਲਾ ਪ੍ਰਸ਼ਾਸਨ ਦੀ ਸਮੁੱਚੀ ਟੀਮ ਵਲੋਂ ਪਰਵਾਸੀ ਮਜ਼ਦੂਰਾਂ ਨੂੰ ਘਰ ਵਾਪਸੀ ਲਈ ਸ਼ਲਾਘਾਯੋਗ ਉਪਰਾਲੇ ਕੀਤੇ ਹਨ।

ਇਸ ਤੋਂ ਪਹਿਲਾਂ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਨੇ ਪਰਵਾਸੀ ਮਜਦੂਰਾਂ ਨਾਲ ਗੱਲਬਾਤ ਕੀਤੀ ਤੇ ਕਿਹਾ ਕਿ ਉਨਾਂ ਨੂੰ ਘਰ ਵਾਪਸ ਪੁਹੰਚਾਉਣ ਲਈ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਅੱਗੇ ਦੱਸਿਆ ਕਿ ਅੱਜ ਗੁਰਦਾਸਪੁਰ ਰੇਲਵੇ ਸਟੇਸ਼ਨ ਤੋਂ ਗੋਰਖਪੁਰ (ਉੱਤਰ ਪ੍ਰਦੇਸ਼ ਸੂਬੇ) ਨੂੰ ਵਿਸ਼ੇਸ ਰੇਲ ਗੱਡੀ ਰਵਾਨਾ ਕੀਤੀ ਗਈ ਹੈ, ਜੋ ਬਰੇਲੀ ਅਤੇ ਗੌਂਡਾ ਸਟੇਸ਼ਨਾਂ 'ਤੇ ਰੁਕੇਗੀ। ਪਰਵਾਸੀ ਮਜਦੂਰਾਂ ਨੂੰ ਸਰਕਾਰੀ ਕਾਲਜ, ਗੁਰਦਾਸਪੁਰ ਅਤੇ ਰਾਧਾ ਸੁਆਮੀ ਸਤਿਸੰਗ ਘਰ, ਖਤੀਬ, ਬਾਈਪਾਸ ਬਟਾਲਾ ਵਿਖੇ ਪਹਿਲਾਂ ਇਕੱਤਰ ਕੀਤਾ ਗਿਆ। ਉਪਰੰਤ ਉਨਾਂ ਦੀ ਰਜਿਸ਼ਟਰੇਸ਼ਨ ਅਤੇ ਮੈਡੀਕਲ ਸਕਰੀਨਿੰਗ ਕੀਤੀ ਗਈ ਅਤੇ ਖਾਣ ਤੇ ਪੀਣ ਦੀਆਂ ਵਸਤਾਂ ਦੇ ਕੇ ਸਮਾਜਿਕ ਦੂਰੀ ਦਾ ਧਿਆਨ ਰੱਖਦਿਆਂ ਹੀ ਰਵਾਨਾ ਕੀਤਾ ਗਿਆ ਹੈ। ਯਾਤਰੀਆਂ ਨੂੰ ਪੀਣ ਲਈ ਦੋ ਬੋਤਲਾਂ ਪਾਣੀ, ਚਨੇ, ਗੁੜ, ਬਿਸਕੁਟ ਅਤੇ ਫਲ ਦਿੱਤੇ ਗਏ ਤਾਂ ਜੋ ਰਸਤੇ ਵਿਚ ਉਨਾਂ ਨੂੰ ਖਾਣਪੀਣ ਦੀ ਕੋਈ ਮੁਸ਼ਕਿਲ ਨਾ ਆਵੇ।

ਸਰਕਾਰੀ ਕਾਲਜ ਗੁਰਦਾਸਪੁਰ ਤੋਂ ਰਵਾਨਾ ਹੋਏ ਉੱਤਰ ਪ੍ਰਦੇਸ਼ ਦੇ ਨਿਵਾਸੀ ਯਾਤਰੀਆਂ ਨੇ ਵੀ ਭਾਵੁਕ ਹੁੰਦਿਆਂ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਜਿਲਾ ਪ੍ਰਸ਼ਾਸਨ ਵਲੋਂ ਉਨਾਂ ਨੂੰ ਬਹੁਤ ਇੱਜ਼ਤ ਮਾਣ ਨਾਲ ਰਵਾਨਾ ਕੀਤਾ ਗਿਆ ਹੈ, ਜਿਸ ਲਈ ਉਹ ਹਮੇਸ਼ਾ ਰਿਣੀ ਰਹਿਣਗੇ। ਉਨਾਂ ਦੱਸਿਆ ਕਿ ਜਿਲਾ ਪ੍ਰਸ਼ਾਸਨ ਵਲੋਂ ਉਨਾਂ ਇਥੇ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਗਈ ਤੇ ਹਰ ਲੋੜੀਦੀ ਸਹੂਲਤ ਪੁਜਦਾ ਕੀਤੀ ਗਈ ਸੀ। ਨਾਲ ਹੀ ਉਨਾਂ ਇਹ ਵੀ ਕਿਹਾ ਕਿ ਉਹ ਲਾਕਡਾਊਨ ਖੁੱਲ•ਣ ਬਾਅਦ ਗੁਰਦਾਸਪੁਰ ਜਰੂਰ ਵਾਪਸ ਆਉਣਗੇ। ਯਾਤਰੀਆਂ ਨੇ ਕਿਹਾ ਕਿ ਉਹ ਵਾਪਸ ਤਾਂ ਨਹੀਂ ਸੀ ਜਾਣਾ ਚਾਹੁੰਦੇ ਪਰੰਤੂ ਕੋਰੋਨਾਵਾਇਰਸ ਕਰਕੇ ਮਜ਼ਬੂਰੀ ਵਸ ਹੀ ਆਪਣੇ ਘਰਾਂ ਨੂੰ ਵਾਪਸ ਜਾ ਰਹੇ ਹਨ।

ਇਸ ਤੋਂ ਪਹਿਲਾਂ ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਸਪੁਰ ਵਲੋਂ ਵੀ ਸਰਕਾਰੀ ਕਾਲਜ, ਗੁਰਦਾਸਪੁਰ ਵਿਖੇ ਪਰਵਾਸੀ ਮਜਦੂਰਾਂ ਨਾਲ ਗੱਲਬਾਤ ਕੀਤੀ ਗਈ। ਇਸ ਮੌਕੇ ਨੈਸ਼ਨਲ ਐਵਾਰਡੀ ਰੋਮੇਸ ਮਹਾਜਨ ਪ੍ਰੋਜੈਕਟ ਡਾਇਰੈਕਟਰ ਰੈੱਡ ਕਰਾਸ ਡਰੱਗ ਡੀ-ਅਡਿਕਸ਼ਨ ਸੈਂਟਰ ਗੁਰਦਾਸਪੁਰ ਵਲੋਂ ਵੀ ਪਰਵਾਸੀ ਮਜਦੂਰਾਂ ਨੂੰ ਸਾਬੁਣ, ਸ਼ੈਨੀਟਾਇਜ਼ਰ ਅਤੇ ਮਾਸਕ ਵੰਡੇ ਗਏ।

ਇਸ ਮੌਕੇ ਸ. ਸਕੱਤਰ ਸਿੰਘ ਬੱਲ ਐਸ.ਡੀ.ਐਮ ਗੁਰਦਾਸਪੁਰ, ਰਮਨ ਕੋਛੜ ਸਹਾਇਕ ਕਮਿਸ਼ਨਰ (ਜ)-ਕਮ-ਐਸ.ਡੀ.ਐਮ ਦੀਨਾਨਗਰ, ਮੈਡਮ ਅਮਨਦੀਪ ਕੋਰ ਸਹਾਇਕ ਕਮਿਸ਼ਨਰ (ਸ਼ਿਕਾਇਤਾਂ), ਬਲਦੇਵ ਸਿੰਘ ਰੰਧਾਵਾ ਆਰ.ਟੀ.ਏ ਗੁਰਦਾਸਪੁਰ, ਸ. ਹਰਵਿੰਦਰ ਸਿੰਘ ਐਸ.ਪੀ (ਡੀ),ਚੇਅਰਮੈਨ ਐਡਵੋਕੈਟ ਬਲਜੀਤ ਸਿੰਘ ਪਾਹੜਾ, ਬਲਜਿੰਦਰ ਸਿੰਘ ਤਹਿਸੀਲਦਾਰ, ਤਰਸੇਮ ਲਾਲ ਨਾਇਬ ਤਹਿਸਲੀਦਾਰ, ਐਨ.ਪੀ ਸਿੰਘ ਐਕਸੀਅਨ ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ-ਕਮ –ਨੋਡਲ ਅਫਸਰ ਗੁਰਦਾਸਪੁਰ, ਪਰਮਿੰਦਰ ਸਿੰਘ ਸੈਣੀ ਜਿਲਾ ਗਾਈਡੈਂਸ ਕਾਊਂਸਲਰ, ਕੰਵਰਜੀਤ ਰੱਤੜਾ ਐਸ.ਡੀ.ਓ, ਪਰਮਿੰਦਰ ਸਿੰਘ ਡੀ.ਐਸ.ਪੀ ਆਦਿ ਮੋਜੂਦ ਸਨ।